**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 07-11-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੇ 150 ਸਾਲਾਂ ਦੇ ਯਾਦਗਾਰੀ ਸਮਾਰੋਹ ਦੀ ਸ਼ੁਰੂਆਤ ਕੀਤੀ.
- ਇਸ ਮੌਕੇ ਨੂੰ ਪੰਜਾਬ 'ਚ ਵੀ ਪੂਰੀ ਗਰਿਮਾ ਨਾਲ ਮਨਾਇਆ ਗਿਆ.
- ਵਿਦੇਸ਼ ਮੰਤਰਾਲੇ ਨੇ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ ਜਾਣ ਲਈ ਸੁਰੱਖਿਅਤ ਅਤੇ ਕਾਨੂੰਨੀ ਰਾਹ ਅਪਣਾਉਣ' ਲਈ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ.
- ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਭਾਰਤੀ ਹਾਕੀ ਦੇ 100 ਸਾਲ ਪੂਰੇ ਹੋਣ 'ਤੇ ਅੱਜ ਨਵੀਂ ਦਿੱਲੀ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕੀਤਾ.
- ਜਲੰਧਰ ਵਿਚ ਵੀ ਸੁਰਜੀਤ ਹਾਕੀ ਸਟੇਡੀਅਮ 'ਚ ਇਸ ਬਾਬਤ ਪ੍ਰਦਰਸ਼ਨੀ ਮੈਚ ਕਰਾਏ ਗਏ.

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੀ 150ਵੀਂ ਵਰ੍ਹੇਗੰਢ ਨੂੰ ਮਨਾਉਣ ਲਈ ਇੱਕ ਸਾਲ ਭਰ ਚੱਲਣ ਵਾਲੇ ਯਾਦਗਾਰੀ ਉਤਸਵ ਦਾ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਨੇ ਇਸ ਮੌਕੇ ਇੱਕ ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਵੀ ਜਾਰੀ ਕੀਤਾ। ਉਨ੍ਹਾਂ ਨੇ vandemataram150.in ਪੋਰਟਲ ਵੀ ਲਾਂਚ ਕੀਤਾ, ਜਿੱਥੇ ਲੋਕ ਰਾਸ਼ਟਰੀ ਗੀਤ ਗਾਉਂਦੇ ਹੋਏ ਆਪਣੇ ਵੀਡੀਓ ਅਪਲੋਡ ਕਰ ਸਕਦੇ ਨੇ ਅਤੇ ਇੱਕ ਪ੍ਰਮਾਣ ਪੱਤਰ ਪ੍ਰਾਪਤ ਕਰ ਸਕਦੇ ਨੇ. ਨਵੀਂ ਦਿੱਲੀ ਦੇ ਇੰਦਰਾ ਗਾਂਧੀ ਇਨਡੋਰ ਸਟੇਡੀਅਮ ਵਿੱਚ ਸਮਾਗਮ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵੰਦੇ ਮਾਤਰਮ ਇੱਕ ਮੰਤਰ, ਇੱਕ ਊਰਜਾ, ਇੱਕ ਸੁਪਨਾ ਅਤੇ ਇੱਕ ਸੰਕਲਪ ਏ. ਓਹਨਾਂ ਨੇ ਇਸਨੂੰ ਭਾਰਤ ਮਾਤਾ ਪ੍ਰਤੀ ਸਮਰਪਣ ਦੱਸਦਿਆਂ ਇਸਦੀ ਸ਼ਲਾਘਾ ਕੀਤੀ – byte - PM--MORAL-OF-VANDE-MATRAM- 36 sec

ਪ੍ਰਧਾਨ ਮੰਤਰੀ ਨੇ ਬੰਕਿਮ ਚੰਦਰ ਦੇ ਆਨੰਦ ਮੱਠ ਨੂੰ ਸੁਤੰਤਰ ਭਾਰਤ ਦਾ ਸੁਪਨਾ ਦੱਸਿਆ. ਪ੍ਰਧਾਨ ਮੰਤਰੀ ਨੇ ਮਹਾਤਮਾ ਗਾਂਧੀ ਸਮੇਤ ਕਈ ਆਜ਼ਾਦੀ ਘੁਲਾਟੀਆਂ ਦਾ ਵੀ ਜ਼ਿਕਰ ਕੀਤਾ-

byte -PM-1927-GANDHI

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵੀ ਰਾਸ਼ਟਰੀ ਗੀਤ ਵੰਦੇ ਮਾਤਰਮ ਨੂੰ ਇਸਦੀ 150ਵੀਂ ਵਰ੍ਹੇਗੰਢ 'ਤੇ ਯਾਦ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਅੱਜ ਵੀ, ਇਹ ਗੀਤ ਲੋਕਾਂ ਨੂੰ ਇਕਜੁੱਟ ਕਰਦਾ ਏ ਅਤੇ ਅਜਿਹਾ ਕਰਦਾ ਰਹੇਗਾ। ਉਪ ਰਾਸ਼ਟਰਪਤੀ ਨੇ ਵੰਦੇ ਮਾਤਰਮ ਨੂੰ ਇੱਕ ਸਦੀਵੀ ਗੀਤ ਦੱਸਿਆ ਜੋ ਰਾਸ਼ਟਰਵਾਦ ਦੀ ਭਾਵਨਾ ਨੂੰ ਜਗਾਉਂਦਾ ਏ ।

---------------------------------------------------------------------

ਪੰਜਾਬ 'ਚ ਵੀ ਰਾਸ਼ਟਰੀ ਗੀਤ ਵੰਦੇ ਮਾਤਰਮ ਦੇ 150 ਸਾਲ ਪੂਰੇ ਹੋਣ ਦੇ ਦਿਨ ਨੂੰ ਪੂਰੀ ਗਰਿਮਾ ਨਾਲ ਮਨਾਇਆ ਗਿਆ. ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ, ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਇਹ ਸਮਾਗਮ ਭਾਰਤ ਦੀ ਰਾਸ਼ਟਰੀ ਹਵਾਈ ਅੱਡਾ ਅਥਾਰਟੀ ਵਲੋਂ ਕਰਾਇਆ ਗਿਆ ਸੀ ਤੇ ਇਹ ਦੇਸ਼ ਭਗਤੀ ਅਤੇ ਸੱਭਿਆਚਾਰਕ ਮਾਣ ਨੂੰ ਉਤਸ਼ਾਹਿਤ ਕਰਨ ਲਈ ਚਲ ਰਹੀ ਦੇਸ਼ ਵਿਆਪੀ ਮੁਹਿੰਮ ਦਾ ਹਿੱਸਾ ਸੀ। ਮੁਸਾਫ਼ਿਰਾਂ, ਹਵਾਈ ਅੱਡੇ ਦੇ ਅਮਲੇ ਅਤੇ ਅਧਿਕਾਰੀਆਂ ਨੇ ਸਮੂਹਿਕ

ਤੌਰ 'ਤੇ "ਵੰਦੇ ਮਾਤਰਮ" ਗਾ ਕੇ ਦੇਸ਼ ਭਗਤੀ ਦੀ ਭਾਵਨਾ ਨੂੰ ਜੀਵੰਤ ਬਣਾਇਆ. ਇਸੇ ਤਰ੍ਹਾਂ ਮਾਨਸਾ ਅਤੇ LUDHIANAN ਦੇ ਸਕੂਲਾਂ ‘ਚ ਬੱਚਿਆਂ ਨੇ ਦੇਸ਼ ਭਗਤੀ ਦੇ ਰੰਗ ‘ਚ ਰਾਸ਼ਟਰੀ ਗੀਤ ਵੰਦੇ ਮਾਤਰਮ ਨੂੰ ਰਲ ਕੇ ਗਾਇਆ.ਵੰਦੇ ਮਾਤਰਮ ਇੱਕ ਅਜਿਹਾ ਗੀਤ ਏ ਜਿਸਨੇ ਪੀੜ੍ਹੀਆਂ ਨੂੰ ਇੱਕਜੁੱਟ ਹੋਣ, ਅੱਗੇ ਵਧਣ ਅਤੇ ਰਾਸ਼ਟਰ ਦੀ ਭਾਵਨਾ ਦਾ ਜਸ਼ਨ ਮਨਾਉਣ ਲਈ ਪ੍ਰੇਰਿਤ ਕੀਤਾ ਏ।

-----------------------------------------------------------------------

ਇਸ ਦੌਰਾਨ ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150 ਵੀਂ ਵਰ੍ਹੇ ਗੰਢ ਨੂੰ ਸਮਰਪਿਤ ਅੱਜ ਆਕਾਸ਼ਵਾਣੀ ਜਲੰਧਰ ਅਤੇ ਦੂਰਦਰਸ਼ਨ ਜਲੰਧਰ ਦੇ ਸਾਰੇ ਅਮਲੇ ਵਲੋਂ ਸਮੂਹਿਕ ਰੂਪ ਵਿਚ ਵੰਦੇ ਮਾਤਰਮ ਦਾ ਗਾਇਨ ਕਰ ਕੇ ਸਾਲ ਭਰ ਚਲ ਵਾਲੇ ਸਮਾਰੋਹਾਂ ਦੀ ਸ਼ੁਰੂਆਤ ਕੀਤੀ ਗਈ. ਇਹਨਾਂ ਦੋਵਾਂ ਅਦਾਰਿਆਂ ਵਲੋਂ ਰਾਸ਼ਟਰੀ ਗੀਤ ਗਾਉਣ ਦੀ ਅਗਵਾਈ ਆਕਾਸ਼ਵਾਣੀ ਦੇ ਡਿਪਟੀ ਡਾਇਰੈਕਟਰ ਜਨਰਲ ਰਣਜੀਤ ਮੀਨਾ ਅਤੇ ਦੂਰ ਦਰਸ਼ਨ ਦੇ ਡਿਪਟੀ ਡਾਇਰੈਕਟਰ ਜਨਰਲ RK ਜਰੰਗਾਲ ਨੇ ਕੀਤੀ.

-----------------------------------------------------------------------

ਵਿਦੇਸ਼ ਮੰਤਰਾਲੇ ਨੇ ਪੰਜਾਬ ਵਿੱਚ ਇੱਕ ਵੱਡੀ ਜਾਗਰੂਕਤਾ ਮੁਹਿੰਮ "Safe and Legal Mobility" ਦੀ ਸ਼ੁਰੂਆਤ ਕੀਤੀ ਏ - ਜਿਸ ਵਿੱਚ ਨੌਜਵਾਨਾਂ ਨੂੰ ਵਿਦੇਸ਼ ਜਾਣ ਵੇਲੇ ਸੁਰੱਖਿਅਤ ਅਤੇ ਕਾਨੂੰਨੀ *ਰਾਹ* ਅਪਣਾਉਣ ਦੀ ਅਪੀਲ ਕੀਤੀ ਗਈ ਏ। ਵਿਦੇਸ਼ ਮੰਤਰਾਲੇ ਦੇ ਪ੍ਰਵਾਸੀਆਂ ਬਾਰੇ ਪ੍ਰੋਟੈਕਟਰ ਜਨਰਲ (PGE) ਸੁਰਿੰਦਰ ਭਗਤ ਨੇ ਇਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ, ਪੰਜਾਬ ਸਮੇਤ ਦੇਸ਼ ਭਰ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਮੌਕਿਆਂ ਦੀ ਭਾਲ ਕਰਦੇ ਸਮੇਂ ਕਾਨੂੰਨੀ ਅਤੇ ਸੁਰੱਖਿਅਤ ਤਰੀਕੇ ਅਪਣਾਉਣ ਲਈ ਕਿਹਾ ਏ. ਇਹ ਜਾਗਰੂਕਤਾ ਮੁਹਿੰਮ ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਜਲੰਧਰ ਸਥਿਤ ਕੇਂਦਰੀ ਸੰਚਾਰ ਬਿਊਰੋ ਵਲੋਂ ਕਰਾਈ ਗਈ ਸੀ. ਇੱਕ ਰਿਪੋਰਟ:

*"ਸੁਰੱਖਿਅਤ ਅਤੇ ਕਾਨੂੰਨੀ ਪਰਵਾਸ ਸੰਬੰਧਤ ਜਾਗਰੂਕਤਾ ਅਭਿਆਨ" ਸਿਰਲੇਖ ਵਾਲੇ ਇਸ ਜਾਗਰੂਕਤਾ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਪ੍ਰਵਾਸੀਆਂ ਬਾਰੇ ਪ੍ਰੋਟੈਕਟਰ ਜਨਰਲ, ਸ਼੍ਰੀ ਸੁਰਿੰਦਰ ਭਗਤ ਨੇ ਨੌਜਵਾਨਾਂ ਨੂੰ ਵਿਦੇਸ਼ਾਂ 'ਚ ਜਾਣ ਦੇ ਮੌਕਿਆਂ ਦੀ ਭਾਲ ਕਰਨ ਵੇਲੇ ਗੈਰ-ਕਾਨੂੰਨੀ ਢੰਗ ਨਾਲ ਜਾਣ ਤੋਂ ਬਚਣ ਅਤੇ ਟ੍ਰੈਵਲ ਏਜੰਟਾਂ ਦੇ ਪ੍ਰਮਾਣ ਪੱਤਰਾਂ ਦੀ ਚੰਗੀ ਤਰ੍ਹਾਂ ਤਸਦੀਕ ਕਰਨ ਲਈ ਕਿਹਾ.*

*byte*

*ਇਸ ਮੌਕੇ, ਸ਼੍ਰੀ ਭਗਤ ਵਲੋਂ ਕਾਨੂੰਨੀ ਪਰਵਾਸ ਬਾਰੇ ਇੱਕ ਜਾਣਕਾਰੀ ਭਰਪੂਰ ਪੈਂਫਲਿਟ ਅਤੇ ਡਿਜੀਟਲ ਜਾਗਰੂਕਤਾ ਹੈਸ਼ਟੈਗ #VideshRozgarSathi ਦੀ ਵੀ ਸ਼ੁਰੂਆਤ ਕੀਤੀ ਗਈ.*

*ਪ੍ਰਵਾਸੀਆਂ ਬਾਰੇ ਪ੍ਰੋਟੈਕਟਰ, ਚੰਡੀਗੜ੍ਹ, ਯਸ਼ੂ ਦੀਪ ਨੇ ਐਲਾਨ ਕੀਤਾ ਕਿ ਜਲਦ ਹੀ ਪੰਜਾਬ ਦੇ ਹੋਰ ਜ਼ਿਲ੍ਹਿਆਂ ਵਿੱਚ ਵੀ ਇਸੇ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਕਰਾਏ ਜਾਣਗੇ। ਉਨ੍ਹਾਂ ਨੌਜਵਾਨਾਂ ਨੂੰ ਵਿਦੇਸ਼ੀ ਰੁਜ਼ਗਾਰ ਸੰਬੰਧੀ ਪ੍ਰਮਾਣਿਤ ਜਾਣਕਾਰੀ ਲਈ ਪ੍ਰਵਾਸੀ ਭਾਰਤੀ ਸਹਾਇਤਾ ਕੇਂਦਰ ਦੀ ਅਧਿਕਾਰਤ ਵੈੱਬਸਾਈਟ emigrate.gov.in ਦੀ ਵਰਤੋਂ ਕਰਨ ਲਈ ਕਿਹਾ।*

*ਇਹ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਅਜਿਹੀ ਪਹਿਲੀ ਪਹਿਲਕਦਮੀ ਏ, ਜਿਸਦਾ ਉਦੇਸ਼, ਵਿਦੇਸ਼ਾਂ 'ਚ ਰੋਜ਼ਗਾਰ ਦੇ ਸੁਰੱਖਿਅਤ ਅਤੇ ਕਾਨੂੰਨੀ ਮੌਕਿਆਂ ਬਾਰੇ ਜਨਤਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਅਤੇ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਨੂੰ, ਵਿਦੇਸ਼ਾਂ 'ਚ ਰੋਜ਼ਗਾਰ ਦੀਆਂ ਅਜਿਹੀਆਂ ਪੇਸ਼ਕਸ਼ਾਂ, ਜਿਹਨਾਂ 'ਚ ਧੋਖਾਧੜੀ ਹੋ ਸਕਦੀ ਏ, ਦੇ ਖ਼ਤਰਿਆਂ ਬਾਰੇ ਸੰਵੇਦਨਸ਼ੀਲ ਬਣਾਉਣਾ ਏ। <><>*

---

ਪੰਜਾਬ ਸਰਕਾਰ ਭਲਕੇ 8 ਨਵੰਬਰ ਨੂੰ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ. ਇਸ ਬਾਰੇ ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਪੀਕਰ ਦੇ ਨਾਲ-ਨਾਲ ਵੱਖ-ਵੱਖ ਕੈਬਨਿਟ ਮੰਤਰੀ, ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣਗੇ। ਸ੍ਰੀ ਸੌਂਦ ਨੇ ਦੱਸਿਆ ਕਿ ਫਾਜ਼ਿਲਕਾ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ਹੀਦ ਭਗਤ ਸਿੰਘ ਸਪੋਰਟਸ ਸਟੇਡੀਅਮ ਵਿੱਚ ਹੋਵੇਗਾ, ਜਿੱਥੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਹਿੱਸਾ ਲੈਣਗੇ। ਹੁਸ਼ਿਆਰਪੁਰ ਵਿੱਚ, ਇਹ ਸ਼ੋਅ ਮਲਟੀਪਰਪਜ਼ ਆਊਟਡੋਰ ਸਟੇਡੀਅਮ, ਲਾਜਵੰਤੀ ਵਿਖੇ ਕਰਾਇਆ ਜਾਵੇਗਾ. ਫਰੀਦਕੋਟ ਵਿੱਚ ਇਹ ਸ਼ੋਅ ਨਹਿਰੂ ਸਟੇਡੀਅਮ ਵਿੱਚ ਹੋਏਗਾ, ਜਿੱਥੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਹੋਰਨਾਂ ਪਤਵੰਤਿਆਂ ਨਾਲ ਹਿੱਸਾ ਲੈਣਗੇ.ਗੁਰਦਾਸਪੁਰ ਜ਼ਿਲ੍ਹੇ ਵਿੱਚ, ਲਾਈਟ ਐਂਡ ਸਾਊਂਡ ਸ਼ੋਅ, ITI ਬਟਾਲਾ ਵਿਖੇ ਹੋਵੇਗਾ, ਜਿੱਥੇ ਖ਼ੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਮੌਜੂਦ

ਰਹਿਣਗੇ. ਇਹ ਜ਼ਿਕਰਯੋਗ ਏ ਕਿ ਅਗਲੇ ਗੇੜ੍ਹ ਵਿੱਚ, ਪੰਜਾਬ ਸਰਕਾਰ 11, 14, 17 ਅਤੇ 20 ਨਵੰਬਰ ਨੂੰ ਰਾਜ ਦੇ ਬਾਕੀ ਜ਼ਿਲ੍ਹਿਆਂ ਵਿੱਚ ਇਹ ਲਾਈਟ ਐਂਡ ਸਾਊਂਡ ਸ਼ੋਅ ਕਰਾਏਗੀ.

-----------------------------------------------------------------------

ਮਹਿਲਾ ਕ੍ਰਿਕੇਟ ਵਿਸ਼ਵ ਕਪ ਜਿੱਤਣ ਵਾਲੀ ਭਾਰਤੀ ਟੀਮ ਵਿੱਚ ਸ਼ਾਮਿਲ 3 ਪੰਜਾਬਣ ਖਿਡਾਰਨਾਂ ਵਿੱਚੋਂ 2 ਹਰਲੀਨ DEOL ਤੇ ਅਮਨਜੋਤ ਕੌਰ ਦਾ ਅੱਜ ਮੋਹਾਲੀ ਅੰਤਰਰਾਸ਼ਟਰੀ ਹਵਾਈ ਅੱਡੇ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ | ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ , MEMBER PARLIAMENT ਗੁਰਮੀਤ ਸਿੰਘ ਮੀਤ ਤੇ ਹੋਰਨਾਂ ਨੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਤਰਫ਼ੋਂ ਖਿਡਾਰਨਾਂ ਦਾ ਸ਼ਾਨਦਾਰ ਸਵਾਗਤ ਕੀਤਾ | ਪੰਜਾਬ ਸਰਕਾਰ ਖੇਡ ਵਿਭਾਗ ਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਖਿਡਾਰਨਾਂ ਤੇ ਫੁੱਲਾਂ ਦੇ ਹਾਰ ਪਾਕੇ ਖੁੱਲੀ ਜੀਪ ਚ ਢੋਲ ਦਮਕੇਯਾ ਨਾਲ ਜਸ਼ਨ ਮਨਾਇਆ ਗਿਆ.

-----------------------------------------------------------------------

ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਭਾਰਤ ਦੇ ਹਾਕੀ ਦੇ ਸ਼ਾਨਦਾਰ ਇਤਿਹਾਸ ਅਤੇ ਵਿਸ਼ਵ ਪੱਧਰ 'ਤੇ ਇਸ ਦੇ ਦਬਦਬੇ ਨੂੰ ਯਾਦ ਕੀਤਾ। ਭਾਰਤੀ ਹਾਕੀ ਦੇ 100 ਸਾਲ ਪੂਰੇ ਹੋਣ 'ਤੇ ਅੱਜ ਨਵੀਂ ਦਿੱਲੀ ਵਿੱਚ

ਕਰਾਏ ਗਏ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ, ਡਾ. mandaviya ਨੇ ਹਾਕੀ ਖਿਡਾਰੀਆਂ ਦੀ ਖੇਡ ਭਾਵਨਾ ਦੀ ਤਾਰੀਫ਼ ਕੀਤੀ। ਉਨ੍ਹਾਂ ਨੇ ਮੁਸ਼ਕਲ ਸਮੇਂ ਵਿੱਚ ਵੀ ਵੱਖ-ਵੱਖ ਮੈਚ ਜਿੱਤ ਕੇ ਭਾਰਤ ਨੂੰ ਸ਼ਾਨ ਦਿਵਾਉਣ ਲਈ ਖਿਡਾਰੀਆਂ ਦੀ ਸ਼ਲਾਘਾ ਕੀਤੀ। ਸ਼੍ਰੀ mandaviya ਨੇ ਕਿਹਾ ਕਿ ਭਾਰਤੀ ਟੀਮ ਨੇ ਚੁਣੌਤੀਆਂ ਤੋਂ ਸਿੱਖਿਆ ਏ ਅਤੇ ਜਿੱਤ ਦੇ ਆਪਣੀ ਸਦੀਆਂ ਪੁਰਾਣੇ ਵਿਰਸੇ ਨੂੰ ਮੁੜ ਪ੍ਰਾਪਤ ਕੀਤਾ ਏ ।

---------------------------------------------------------------------

ਇਸੇ ਸੰਬੰਧ ‘ਚ ਪੰਜਾਬ ਦੇ ਜਲੰਧਰ ਵਿਖੇ ਸੂਰਜੀਤ ਹਾਕੀ ਸਟੇਡੀਅਮ ਵਿੱਚ ਹਾਕੀ ਇੰਡੀਆ ਦੇ 100 ਸਾਲ ਪੂਰੇ ਹੋਣ ਦੇ ਜਸ਼ਨਾਂ ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਹੋਈ, ਜਿੱਥੇ ਸੂਰਜੀਤ ਹਾਕੀ ਅਕੈਡਮੀ ਵੱਲੋਂ ਸੂਰਜੀਤ ਹਾਕੀ ਸੁਸਾਇਟੀ, ਜਲੰਧਰ ਦੇ ਸਹਿਯੋਗ 2 ਪ੍ਰਦਰਸ਼ਨੀ ਮੈਚ ਕਰਾਏ ਗਏ ਜਿਹਨਾਂ ‘ਚ ਸੂਰਜੀਤ-XI ਅਤੇ ਪੀ.ਆਈ.ਐੱਸ.-XI ਨੇ ਜਿੱਤ ਪ੍ਰਾਪਤ ਕੀਤੀ ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੇ 150 ਸਾਲਾਂ ਦੇ ਯਾਦਗਾਰੀ ਸਮਾਰੋਹ ਦੀ ਸ਼ੁਰੂਆਤ ਕੀਤੀ.

- ਇਸ ਮੌਕੇ ਨੂੰ ਪੰਜਾਬ ‘ਚ ਵੀ ਪੂਰੀ ਗਰਿਮਾ ਨਾਲ ਮਨਾਇਆ ਗਿਆ.
- ਵਿਦੇਸ਼ ਮੰਤਰਾਲੇ ਨੇ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ ਜਾਣ ਲਈ ਸੁਰੱਖਿਅਤ ਅਤੇ ਕਾਨੂੰਨੀ ਰਾਹ ਅਪਣਾਉਣ’ ਲਈ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ.
- ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਭਾਰਤੀ ਹਾਕੀ ਦੇ 100 ਸਾਲ ਪੂਰੇ ਹੋਣ 'ਤੇ ਅੱਜ ਨਵੀਂ ਦਿੱਲੀ ਵਿੱਚ ਇੱਕ ਸਮਾਗਮ ਨੂੰ ਸੰਬੋਧਨ ਕੀਤਾ.
- ਜਲੰਧਰ ਵਿਚ ਵੀ ਸੁਰਜੀਤ ਹਾਕੀ ਸਟੇਡੀਅਮ ‘ਚ ਇਸ ਬਾਬਤ ਪ੍ਰਦਰਸ਼ਨੀ ਮੈਚ ਕਰਾਏ ਗਏ.

***ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ***

***ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ***

***ਸ਼ਾਮ ਸਾਢੇ 7 ਵਜੇ. ਨਮਸ੍ਕਾਰ.***